**ਮਾਰੂ ਮਹਲਾ ੧ ॥ ਮਿਲਿ ਮਾਤ ਪਿਤਾ ਪਿੰਡੁ ਕਮਾਇਆ ॥ ਤਿਨਿ ਕਰਤੈ ਲੇਖੁ ਲਿਖਾਇਆ ॥ ਲਿਖੁ ਦਾਤਿ ਜੋਤਿ ਵਡਿਆਈ ॥ ਮਿਲਿ ਮਾਇਆ ਸੁਰਤਿ ਗਵਾਈ ॥੧॥ ਮੂਰਖ ਮਨ ਕਾਹੇ ਕਰਸਹਿ ਮਾਣਾ ॥ ਉਠਿ ਚਲਣਾ ਖਸਮੈ ਭਾਣਾ ॥੧॥ ਰਹਾਉ ॥ ਤਜਿ ਸਾਦ ਸਹਜ ਸੁਖੁ ਹੋਈ ॥ ਘਰ ਛਡਣੇ ਰਹੈ ਨ ਕੋਈ ॥ ਕਿਛੁ ਖਾਜੈ ਕਿਛੁ ਧਰਿ ਜਾਈਐ ॥ ਜੇ ਬਾਹੁੜਿ ਦੁਨੀਆ ਆਈਐ ॥੨॥ ਸਜੁ ਕਾਇਆ ਪਟੁ ਹਢਾਏ ॥ ਫੁਰਮਾਇਸਿ ਬਹੁਤੁ ਚਲਾਏ ॥ ਕਰਿ ਸੇਜ ਸੁਖਾਲੀ ਸੋਵੈ ॥ ਹਥੀ ਪਉਦੀ ਕਾਹੇ ਰੋਵੈ ॥੩॥ ਘਰ ਘੁੰਮਣਵਾਣੀ ਭਾਈ ॥ ਪਾਪ ਪਥਰ ਤਰਣੁ ਨ ਜਾਈ ॥ ਭਉ ਬੇੜਾ ਜੀਉ ਚੜਾਊ ॥ ਕਹੁ ਨਾਨਕ ਦੇਵੈ ਕਾਹੂ ॥੪॥੨॥** {ਪੰਨਾ 989}

ਪਦਅਰਥ:- ਮਿਲਿ—ਮਿਲ ਕੇ। ਪਿੰਡੁ—ਸਰੀਰ। ਕਮਾਇਆ—ਬਣਾਇਆ। ਤਿਨਿ—ਉਸ ਨੇ। ਕਰਤੈ—ਕਰਤਾਰ ਨੇ। ਤਿਨਿ ਕਰਤੈ—ਉਸ ਕਰਤਾਰ ਨੇ। ਲੇਖੁ—(ਤੇਰੇ ਕਰਨ-ਜੋਗ ਕੰਮ ਦੀ) ਲਿਖਤ। ਲਿਖੁ—(ਹੇ ਜੀਵ!) ਤੂੰ ਲਿਖ। ਦਾਤਿ—(ਪਰਮਾਤਮਾ ਦੀਆਂ) ਬਖ਼ਸ਼ਸ਼ਾਂ। ਵਡਿਆਈ—ਸਿਫ਼ਤਿ-ਸਾਲਾਹ। ਸੁਰਤਿ—ਅਕਲ, ਚੇਤਾ। ਗਵਾਈ—ਤੂੰ ਗਵਾ ਲਈ।1।

ਮਨ—ਹੇ ਮਨ! ਕਾਹੇ—ਕਿਉਂ? ਕਰਸਹਿ—ਤੂੰ ਕਰੇਂਗਾ, ਤੂੰ ਕਰਦਾ ਹੈਂ। ਭਾਣਾ—ਰਜ਼ਾ, ਹੁਕਮ।1। ਰਹਾਉ।

ਤਜਿ—ਤਿਆਗ ਕੇ। ਸਾਦ—(ਮਾਇਆ ਦੇ) ਸੁਆਦ। ਸਹਜ ਸੁਖੁ—ਅਡੋਲਤਾ ਦਾ ਆਨੰਦ। ਖਾਜੈ—ਖਾ ਲਈਏ, ਵਰਤ ਲਈਏ। ਧਰਿ—ਸਾਂਭ ਕੇ। ਬਾਹੁੜਿ—ਮੁੜ।2।

ਸਜੁ—{sjuL} ਹਾਰ। ਕਾਇਆ—ਸਰੀਰ। ਪਟੁ—ਰੇਸ਼ਮੀ ਕੱਪੜਾ। ਫੁਰਮਾਇਸਿ—ਹਕੂਮਤ। ਕਰਿ—ਬਣਾ ਕੇ, ਤਿਆਰ ਕਰ ਕੇ। ਹਥੀ ਪਉਦੀ—ਜਦੋਂ (ਜਮਾਂ ਦੇ) ਹੱਥ ਪੈਂਦੇ ਹਨ। ਕਾਹੇ ਰੋਵੈ—ਕਿਉਂ ਰੋਂਦਾ ਹੈ? ਰੋਣ ਦਾ ਕੋਈ ਲਾਭ ਨਹੀਂ ਹੁੰਦਾ।3।

ਘਰ—ਘਰਾਂ ਦੇ ਮੋਹ। ਘੁੰਮਣ ਵਾਣੀ—ਘੁੰਮਣ ਘੇਰ। ਭਾਈ—ਹੇ ਭਾਈ! ਤਰਣੁ ਨ ਜਾਈ—ਪਾਰ ਨਹੀਂ ਲੰਘਿਆ ਜਾ ਸਕਦਾ। ਭਉ—ਪਰਮਾਤਮਾ ਦਾ ਡਰ-ਅਦਬ। ਚੜਾਊ—ਸਵਾਰ, ਬੇੜੀ ਦਾ ਮੁਸਾਫ਼ਿਰ। ਕਾਹੂ—ਕਿਸੇ ਵਿਰਲੇ ਨੂੰ।4।

ਅਰਥ:- ਹੇ (ਮੇਰੇ) ਮੂਰਖ ਮਨ! ਤੂੰ (ਇਹਨਾਂ ਦੁਨੀਆਵੀ ਮਲਕੀਅਤਾਂ ਦਾ) ਕਿਉਂ ਮਾਣ ਕਰਦਾ ਹੈਂ? (ਜਦੋਂ) ਖਸਮ ਪ੍ਰਭੂ ਦਾ ਹੁਕਮ ਹੋਇਆ ਤਦੋਂ (ਇਹਨਾਂ ਨੂੰ ਛੱਡ ਕੇ ਜਗਤ ਤੋਂ) ਚਲੇ ਜਾਣਾ ਪਏਗਾ।1। ਰਹਾਉ।

(ਜਿਸ ਕਰਤਾਰ ਦੀ ਰਜ਼ਾ ਅਨੁਸਾਰ) ਤੇਰੇ ਮਾਂ ਪਿਉ ਨੇ ਮਿਲ ਕੇ ਤੇਰਾ ਸਰੀਰ ਬਣਾਇਆ, ਉਸੇ ਕਰਤਾਰ ਨੇ (ਤੇਰੇ ਮੱਥੇ ਉਤੇ ਇਹ) ਲੇਖ (ਭੀ) ਲਿਖ ਦਿੱਤਾ ਕਿ ਤੂੰ (ਜਗਤ ਵਿਚ ਜਾ ਕੇ) ਜੋਤਿ-ਰੂਪ ਪ੍ਰਭੂ ਦੀਆਂ ਬਖ਼ਸ਼ਸ਼ਾਂ ਚੇਤੇ ਕਰੀਂ ਤੇ ਉਸ ਦੀ ਸਿਫ਼ਤਿ-ਸਾਲਾਹ ਭੀ ਕਰੀਂ (ਸਿਫ਼ਤਿ-ਸਾਲਾਹ ਦੇ ਲੇਖ ਆਪਣੇ ਅੰਦਰ ਲਿਖਦਾ ਰਹੀਂ)। ਪਰ ਤੂੰ ਮਾਇਆ (ਦੇ ਮੋਹ) ਵਿਚ ਫਸ ਕੇ ਇਹ ਚੇਤਾ ਹੀ ਭੁਲਾ ਦਿੱਤਾ।1।

(ਹੇ ਮਨ! ਤੂੰ ਘਰਾਂ ਦੀਆਂ ਮਲਕੀਅਤਾਂ ਵਿਚੋਂ ਸੁਖ-ਸ਼ਾਂਤੀ ਲੱਭਦਾ ਹੈਂ) ਮਾਇਆ ਦੇ ਸੁਆਦ ਛੱਡ ਕੇ ਆਤਮਕ ਅਡੋਲਤਾ ਦਾ ਆਨੰਦ ਪੈਦਾ ਹੋ ਸਕਦਾ ਹੈ (ਜਿਨ੍ਹਾਂ ਘਰਾਂ ਦੀਆਂ ਮਲਕੀਅਤਾਂ ਨੂੰ ਤੂੰ ਸੁਖ ਦਾ ਮੂਲ ਸਮਝ ਰਿਹਾ ਹੈਂ, ਇਹ) ਘਰ ਤਾਂ ਛੱਡ ਜਾਣੇ ਹਨ, ਕੋਈ ਭੀ ਜੀਵ (ਇਥੇ ਸਦਾ) ਟਿਕਿਆ ਨਹੀਂ ਰਹਿ ਸਕਦਾ। (ਹੇ ਮੂਰਖ ਮਨ! ਤੂੰ ਸਦਾ ਇਹ ਸੋਚਦਾ ਹੈਂ ਕਿ) ਕੁਝ ਧਨ-ਪਦਾਰਥ ਖਾ-ਹੰਢਾ ਲਈਏ ਤੇ ਕੁਝ ਸਾਂਭ ਕੇ ਰੱਖੀ ਜਾਈਏ (ਪਰ ਸਾਂਭ ਕੇ ਰੱਖ ਜਾਣ ਦਾ ਲਾਭ ਤਾਂ ਤਦੋਂ ਹੀ ਹੋ ਸਕਦਾ ਹੈ) ਜੇ ਮੁੜ (ਇਸ ਧਨ ਨੂੰ ਵਰਤਣ ਵਾਸਤੇ) ਜਗਤ ਵਿਚ ਆ ਸਕਣਾ ਹੋਵੇ।2।

ਮਨੁੱਖ ਆਪਣੇ ਸਰੀਰ ਉਤੇ ਹਾਰ ਰੇਸ਼ਮੀ ਕਪੜਾ ਆਦਿਕ ਹੰਢਾਂਦਾ ਹੈ, ਹੁਕਮ ਭੀ ਬਥੇਰਾ ਚਲਾਂਦਾ ਹੈ, ਸੁਖਾਲੀ ਸੇਜ ਦਾ ਸੁਖ ਭੀ ਮਾਣਦਾ ਹੈ (ਪਰ ਜਿਸ ਕਰਤਾਰ ਨੇ ਇਹ ਸਭ ਕੁਝ ਦਿੱਤਾ ਉਸ ਨੂੰ ਵਿਸਾਰੀ ਰੱਖਦਾ ਹੈ, ਆਖ਼ਿਰ) ਜਦੋਂ ਜਮਾਂ ਦੇ ਹੱਥ ਪੈਂਦੇ ਹਨ, ਤਦੋਂ ਰੋਣ ਪਛੁਤਾਣ ਦਾ ਕੋਈ ਲਾਭ ਨਹੀਂ ਹੋ ਸਕਦਾ।3।

ਹੇ ਭਾਈ! ਘਰਾਂ ਦੇ ਮੋਹ ਦਰਿਆ ਦੀਆਂ ਘੁੰਮਣ ਘੇਰੀਆਂ (ਵਾਂਗ) ਹਨ, ਪਾਪਾਂ ਦੇ ਪੱਥਰ ਲੱਦ ਕੇ ਜ਼ਿੰਦਗੀ ਦੀ ਬੇੜੀ ਇਹਨਾਂ ਘੁੰਮਣ-ਘੇਰੀਆਂ ਵਿਚੋਂ ਪਾਰ ਨਹੀਂ ਲੰਘ ਸਕਦੀ।

ਜੇ ਪਰਮਾਤਮਾ ਦੇ ਡਰ-ਅਦਬ ਦੀ ਬੇੜੀ ਤਿਆਰ ਕੀਤੀ ਜਾਏ, ਤੇ ਉਸ ਬੇੜੀ ਵਿਚ ਜੀਵ ਸਵਾਰ ਹੋਵੇ, ਤਾਂ ਹੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਘੁੰਮਣ ਘੇਰੀਆਂ ਵਿਚੋਂ) ਪਾਰ ਲੰਘ ਸਕੀਦਾ ਹੈ। ਪਰ ਹੇ ਨਾਨਕ! ਆਖ— ਅਜੇਹੀ ਬੇੜੀ ਕਿਸੇ ਵਿਰਲੇ ਨੂੰ ਕਰਤਾਰ ਦੇਂਦਾ ਹੈ।4।2।